ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਛੇਵੀਂ ਮੰਜ਼ਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ, ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ-0172-2212221
(ਸਿੱਖਿਆ ਖੋਜ ਅਤੇ ਸਿਖਲਾਈ ਲਈ)

ਵੱਲ

ਸਮੂਹ ਸਕੂਲ ਮੁੱਖੀ,
ਸਮੂਹ DIET ਪ੍ਰਿੰਸੀਪਲਜ਼,
ਪੰਜਾਬ।

ਮੀਮੋ ਨੰ: SCERT-SDP01/95/2022-SDP-SCERT/391543/ 01-02
ਮਿਤੀ: ਸਾਹਿਬਜ਼ਾਦਾ ਅਜੀਤ ਸਿੰਘ ਨਗਰ,21-09-2022

**ਵਿਸ਼ਾ:-28 ਸਤੰਬਰ ਨੂੰ ਸ਼ਹੀਦੇ- ਏ- ਆਜ਼ਮ ਸਰਦਾਰ ਭਗਤ ਸਿੰਘ ਜੀ ਦਾ 115ਵਾਂ ਜਨਮ ਦਿਹਾੜਾ ਮਨਾਉਣ ਸਬੰਧੀ।**

ਹਵਾਲਾ:- ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ, ਪੰਜਾਬ ਸਰਕਾਰ , ਸਿੱਖਿਆ ਵਿਭਾਗ ਦੇ ਡਾਇਰੀ ਨੰ. 114067 ਮਿਤੀ : 19-09-2022 ਦੇ ਸੰਬੰਧ ਵਿੱਚ।

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਦੇ ਸਨਮੁੱਖ ਦੱਸਿਆ ਜਾਂਦਾ ਹੈ ਕਿ ਪੰਜਾਬ ਸਰਕਾਰ ਵੱਲੋਂ 28 ਸਤੰਬਰ ਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦਾ 115ਵਾਂ ਜਨਮ ਦਿਹਾੜਾ ਵਿਸ਼ੇਸ਼ ਰੂਪ ਵਿੱਚ ਮਨਾਇਆ ਜਾ ਰਿਹਾ ਹੈ।

3.0 ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੇ 115ਵਾਂ ਜਨਮ ਦਿਵਸ ਮਨਾਉਂਦੇ ਹੋਏ 28 ਸਤੰਬਰ ਨੂੰ ਸਕੂਲਾਂ ਵਿੱਚ ਪੇਂਟਿੰਗ ਅਤੇ ਲੇਖ ਲਿਖਣ ਦੇ ਮੁਕਾਬਲੇ ਕਰਵਾਏ ਜਾਣ।

4.0 ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਆਦਰਸ਼ਾਂ ਸਬੰਧੀ ਸਵੇਰ ਦੀ ਸਭਾ ਵਿੱਚ ਸੰਬੋਧਨ ਕੀਤਾ ਜਾਵੇ।

5.0 ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਸਵੇਰ ਦੀ ਪੀ.ਟੀ. ਅਤੇ ਕਸਰਤਾਂ ਨੂੰ ਲਾਜ਼ਮੀ ਬਣਾ ਕੇ "ਤੰਦਰੁਸਤ ਜਵਾਨ ਮਿਸ਼ਨ" ਦੀ ਸ਼ੁਰੂਆਤ ਕੀਤੀ ਜਾਵੇ।

6.0 ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਆਜ਼ਾਦੀ ਸੰਘਰਸ਼ ਨੂੰ ਪ੍ਰਦਰਸ਼ਿਤ ਕਰਦੀਆਂ ਪੇਂਟਿੰਗਜ਼/ਤਸਵੀਰਾਂ ਸਕੂਲ ਦੀ wall of expression ਤੇ ਬਣਾਉਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ Wall of expression ਤੇ ਹੇਠ ਲਿਖੇ ਅਨੁਸਾਰ ਪੇਂਟਿੰਗਜ਼/ਤਸਵੀਰਾਂ ਬਣਾਈਆਂ ਜਾਣ:-

(i) Wall of expression ਤੇ ਸ਼ਹੀਦੇ ਆਜ਼ਮ ਸ਼ਹੀਦ ਭਗਤ ਸਿੰਘ ਜੀ ਦੇ ਵਿਚਾਰਾਂ ਅਤੇ ਕਵਿਤਾਵਾਂ ਨੂੰ ਪ੍ਰਦਰਸ਼ਿਤ ਕੀਤਾ ਜਾ ਸਕਦਾ ਹੈ।

(ii) ਸ਼ਹੀਦ ਏ ਆਜ਼ਮ ਸ਼ਹੀਦ ਭਗਤ ਸਿੰਘ ਜੀ ਦੇ ਆਜ਼ਾਦੀ ਸੰਘਰਸ਼ ਨੂੰ ਦਰਸਾਉਂਦੀਆਂ ਪੇਂਟਿੰਗ ਬਣਾਈਆਂ ਜਾ ਸਕਦੀਆਂ ਹਨ।

Scanned by CamScanner

(iii) ਸਕੂਲ ਦੀਆ ਪ੍ਰਮੁੱਖ ਦੀਵਾਰਾਂ ਅਤੇ ਸਥਾਨਾਂ ਤੇ ਉਨ੍ਹਾਂ ਦੇ ਫਲੈਕਸ ਲਗਾਏ ਜਾ ਸਕਦੇ ਹਨ।

(iv) ਸ਼ਹੀਦ ਭਗਤ ਸਿੰਘ ਜੀ ਨਾਲ ਬਣਾਈਆਂ ਸੰਬੰਧ ਪੇਂਟਿੰਗ ਉੱਪਰ ਉਨ੍ਹਾਂ ਦਾ ਜੀਵਨ ਬਿਓਰਾ ਵੀ ਅੰਕਿਤ ਕੀਤਾ ਜਾ ਸਕਦਾ ਹੈ।

ਡਾਇਰੈਕਟਰ
ਐਸ.ਸੀ.ਈ.ਆਰ.ਟੀ,ਪੰਜਾਬ।

ਪਿੱਠ ਅੰਕਣ ਨੰ: ਉਕਤ/03-06 ਮਿਤੀ: ਐਸ.ਏ.ਐਸ. ਨਗਰ, 25-09-2022

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ

1. ਪੀ.ਏ ਟੂ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ ਟੂ ਡੀ.ਜੀ.ਐਸ.ਈ., ਪੰਜਾਬ।
3. ਪੀ.ਏ ਟੂ ਡੀ.ਪੀ.ਆਈ. (ਸੈਸਿੱ/ਐਸਿੱ) ਨੂੰ ਸੂਚਨਾ ਹਿੱਤ ਅਤੇ
4. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈਸਿੱ/ਐਸਿੱ),ਪੰਜਾਬ ਨੂੰ ਸਰਕਾਰੀ, ਅਰਧ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਸਮੂਹ ਸਕੂਲ ਮੁੱਖੀਆਂ ਨੂੰ 28 ਸਤੰਬਰ ਨੂੰ ਸ਼ਹੀਦੇ- ਏ- ਆਜ਼ਮ ਸਰਦਾਰ ਭਗਤ ਸਿੰਘ ਜੀ **ਦੇ** 115ਵਾਂ ਜਨਮ ਦਿਵਸ ਮਨਾਉਂਦੇ ਹੋਏ ਉਕਤ **ਗਤੀਵਿਧੀਆਂ ਕਰਵਾਉਣ** ਸੰਬੰਧੀ ਉਤਸ਼ਾਹਿਤ ਕਰਨ ਹਿੱਤ ਭੇਜਿਆਂ ਜਾਂਦਾ ਹੈ।

ਡਾਇਰੈਕਟਰ
ਐਸ.ਸੀ.ਈ.ਆਰ.ਟੀ,ਪੰਜਾਬ।

Scanned by CamScanner